Punjab Government Gazette

Published by Authority

No.34] CHANDIGARH, FRIDAY, AUGUST 22, 2025 (SRAVANA 31, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਉਚੇਰੀ ਸਿੱਖਿਆ ਵਿਭਾਗ

(ਸਿੱਖਿਆ-1 ਸ਼ਾਖਾ)

ਅਧਿਸੂਚਨਾ

ਮਿਤੀ 31 ਮਈ, 2024

ਨੰ. HED-EDU10PNSN/10/2023-5edu/259.- ਪੰਜਾਬ ਸਿਵਲ ਸੇਵਾਵਾਂ, ਜਿਲਦ-1 ਦੇ ਨਿਯਮ 3.26 (ਏ) ਅਤੇ (ਬੀ) ਵਿੱਚ ਵਿੱਤ ਵਿਭਾਗ ਵੱਲੋਂ ਨੋਟੀਫਿਕੇਸ਼ਨ ਮਿਤੀ 02.03.2020 ਰਾਹੀਂ ਕੀਤੀ ਗਈ ਸੋਧ ਦੇ ਸਨਮੁੱਖ ਹੇਠ ਦਰਸਾਏ ਅਧਿਕਾਰੀਆਂ ਨੂੰ ਸੇਵਾ ਨਿਵਿਰਤ ਕੀਤਾ ਜਾਂਦਾ ਹੈ:-

ਲੜੀ ਨੰ	ਅਧਿਕਾਰਨ ਦਾ ਨਾਂ ਅਤੇ ਸਬੰਧਤ ਕਾਲਜ	ਰਿਟਾਇਰਮੈਂਟ ਮਿਤੀ	ਵਿਸ਼ੇਸ਼ ਕਥਨ
1.	ਸ਼੍ਰੀਮਤੀ ਕਮਲੇਸ਼ ਕੌਰ, ਸਹਾਇਕ ਪ੍ਰੋਫੈਸਰ (ਫਿਲਾਸਫੀ), ਸਰਕਾਰੀ ਕਾਲਜ ਲੜਕੀਆਂ ਲੁਧਿਆਣਾ।	31.05.2024	58 ਸਾਲ ਦੀ ਉਮਰ ਪੂਰੀ ਹੋਣ ਉਪਰੰਤ
2.	ਸ਼੍ਰੀਮਤੀ ਕੁਲਵਿੰਦਰ ਕੌਰ, ਐਸੋਸੀਏਟ ਪ੍ਰੋਫੈਸਰ (ਪੰਜਾਬੀ), ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ।	31.05.2024	58 ਸਾਲ ਦੀ ਉਮਰ ਪੂਰੀ ਹੋਣ ਉਪਰੰਤ
3.	ਸ਼੍ਰੀਮਤੀ ਗੁਰਿੰਦਰ ਕੌਰ, ਐਸੋਸੀਏਟ ਪ੍ਰੋਫੈਸਰ (ਫਿਜ਼ੀਕਲ ਐਜੂਕੇਸ਼ਨ), ਸਰਕਾਰੀ ਕਾਲਜ ਲੜਕੀਆਂ, ਪਟਿਆਲਾ	31.05.2024	58 ਸਾਲ ਦੀ ਉਮਰ ਪੂਰੀ ਹੋਣ ਉਪਰੰਤ

2. ਜੇਕਰ ਉਕਤ ਅਧਿਕਾਰੀਆਂ ਵਿਰੁੱਧ ਕੋਈ ਵਿਭਾਗੀ/ਚੌਕਸੀ ਪੜਤਾਲ ਜਾਂ ਮਿਸਲੇਨੀਅਸ ਐਡਵਾਂਸ ਰਕਮ ਆਦਿ ਦਾ ਕੇਸ ਲੰਬਿਤ ਹੋਵੇ ਤਾਂ ਇਹਨਾਂ ਰਿਟਾਇਰਮੈਂਟ ਦੇ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ ਅਤੇ ਸਬੰਧਤ ਅਧਿਕਾਰੀ ਵਿਰੁੱਧ ਕਾਰਵਾਈ ਜਾਰੀ ਰੱਖਣ ਦਾ ਸਰਕਾਰ ਦਾ ਹੱਕ ਰਾਖਵਾਂ ਹੋਵੇਗਾ। ਇਸ ਤੋਂ ਇਲਾਵਾ ਜੇਕਰ ਕਿਸੇ ਅਧਿਕਾਰੀ ਵਿਰੁੱਧ ਸਰਕਾਰ ਦਾ ਕੋਈ ਬਕਾਇਆ ਆਦਿ ਲੰਬਿਤ ਹੋਵੇ ਤਾਂ ਉਸਨੂੰ ਰਿਕਵਰ ਕਰਨ ਦਾ ਅਧਿਕਾਰ ਸਰਕਾਰ ਪਾਸ ਰਾਖਵਾਂ ਹੋਵੇਗਾ।

ਸਹੀ/-
ਅਧੀਨ ਸਕੱਤਰ
ਉਚੇਰੀ ਸਿੱਖਿਆ

3482/8-2025/Pb.Govt.Press, S.A.S. Nagar